## ਜਮਾਤ- ਛੇਵੀਂ

### ਵਿਆਕਰਨ ਭਾਗ (ਅਪ੍ਰੈਲ-ਮਈ)

### ਅੱਖੀਂ ਡਿੱਠਾ ਮੇਲਾ



ਪੰਜਾਬ ਵਿਚ ਵੱਖ-ਵੱਖ ਰੁੱਤਾਂ, ਤਿਉਹਾਰਾਂ ਨਾਲ ਸੰਬੰਧਿਤ ਬਹੁਤ ਸਾਰੇ ਮੇਲੇ ਲੱਗਦੇ ਹਨ। ਹਰਮਨ-ਪਿਆਰੇ ਮੇਲੇ ਵੇਖਣ ਲਈ ਲੋਕਾਂ ਨੂੰ ਚਾਅ ਚੜਿਆ ਰਹਿੰਦਾ ਹੈ। ਵਿਸਾਖੀ ਦਾ ਮੇਲਾ ਹਰ ਸਾਲ 13 ਅਪ੍ਰੈਲ ਨੂੰ ਭਾਰਤ ਵਿਚ ਥਾਂ-ਥਾਂ 'ਤੇ ਲੱਗਦਾ ਹੈ। ਇਹ ਤਿਉਹਾਰ ਹਾੜੀ ਦੀ ਫ਼ਸਲ ਪੱਕਣ ਦੀ ਖ਼ੁਸ਼ੀ ਵਿਚ ਮਨਾਇਆ ਜਾਂਦਾ ਹੈ। ਸਾਡੇ ਪਿੰਡ ਤੋਂ ਦੋ ਕੁ ਮੀਲ ਦੀ ਵਿੱਥ 'ਤੇ ਵਿਸਾਖੀ ਦਾ ਮੇਲਾ ਲੱਗਦਾ ਹੈ। ਐਤਕੀਂ ਮੈਂ ਆਪਣੇ ਪਿਤਾ ਜੀ ਨਾਲ ਮੇਲਾ ਵੇਖਣ ਲਈ ਗਿਆ। ਰਸਤੇ ਵਿਚ ਮੈਂ ਦੇਖਿਆ ਕਿ ਬਹੁਤ ਸਾਰੇ ਬੱਚੇ, ਬੁੱਢੇ ਤੇ ਨੌਜਵਾਨ ਮੇਲਾ ਵੇਖਣ ਲਈ ਜਾ ਰਹੇ ਸਨ। ਸਾਰਿਆਂ ਨੇ ਨਵੇਂ ਕੱਪੜੇ ਪਾਏ ਹੋਏ ਹੋਏ ਸਨ। ਰਸਤੇ ਵਿਚ ਅਸੀਂ ਕੁੱਝ ਕਿਸਾਨਾਂ ਨੂੰ ਕਣਕ ਦੀ ਵਾਢੀ ਦਾ ਸ਼ੁਗਨ ਕਰਦਿਆਂ ਵੀ ਦੇਖਿਆ।

ਮੇਰੇ ਪਿਤਾ ਜੀ ਨੇ ਮੈਨੂੰ ਦੱਸਿਆ ਕਿ ਵਿਸਾਖੀ ਨੂੰ ਹਾੜ੍ਹੀ ਦੀ ਫ਼ਸਲ ਦੇ ਪੱਕਣ ਦੀ ਖ਼ੁਸ਼ੀ ਵਿਚ ਮਨਾਇਆ ਜਾਂਦਾ ਹੈ। ਇਸ ਮਹਾਨ ਦਿਨ 'ਤੇ ਗੁਰੂ ਗੋਬਿੰਦ ਸਿੰਘ ਜੀ ਨੇ ਆਨੰਦਪੁਰ ਸਾਹਿਬ ਵਿਚ ਖ਼ਾਲਸਾ ਪੰਥ ਦੀ ਸਾਜਨਾ ਕੀਤੀ ਸੀ। ਇਸੇ ਦਿਨ ਹੀ ਜ਼ਾਲਮ ਅੰਗਰੇਜ਼ ਜਨਰਲ ਡਾਇਰ ਨੇ ਜਲਿਆਂ ਵਾਲਾ ਬਾਗ ਅੰਮ੍ਰਿਤਸਰ ਵਿਚ ਨਿਹੱਥੇ ਲੋਕਾਂ ਉੱਪਰ ਗੋਲੀ ਚਲਾਈ ਸੀ।

ਇਹ ਗੱਲਾਂ ਕਰਦਿਆਂ ਹੀ ਅਸੀਂ ਮੇਲੇ ਵਿਚ ਪਹੁੰਚ ਗਏ। ਮੇਲੇ ਵਿਚ ਵਾਜੇ ਵੱਜਣ, ਢੋਲ ਖੜਕਣ ਦੀ ਅਵਾਜ਼ ਸੁਣਾਈ ਦੇ ਰਹੀ ਸੀ। ਮੇਲੇ ਵਿਚ ਕਾਫ਼ੀ ਭੀੜ-ਭੜੱਕਾ ਅਤੇ ਰੌਲਾ-ਰੱਪਾ ਸੀ। ਆਲੇ-ਦੁਆਲੇ ਮਠਿਆਈਆਂ, ਖਿਡੌਣਿਆਂ ਦੀਆਂ ਦੁਕਾਨਾਂ ਸਜੀਆਂ ਹੋਈਆਂ ਸਨ। ਅਸੀਂ ਮਠਿਆਈ ਦੀ ਇਕ ਦੁਕਾਨ ਉੱਤੇ ਬੈਠ ਕੇ ਤੱਤੀਆਂ-ਤੱਤੀਆਂ ਜਲੇਬੀਆਂ ਖਾਧੀਆਂ। ਸਾਡੇ ਨੇੜੇ ਹੀ ਕੁੱਝ ਜੱਟ ਜਲੇਬੀਆਂ ਤੇ ਪਕੌੜੇ ਖਾ ਰਹੇ ਸਨ ਤੇ ਨਾਲ ਹੀ ਉਹ ਸ਼ਰਾਬ ਪੀ ਕੇ ਬੜ੍ਹਕਾਂ ਮਾਰ ਰਹੇ ਸਨ।ਮੇਲੇ ਵਿਚ ਬੱਚੇ ਤੇ ਕੁੜੀਆਂ ਪੰਘੂੜੇ ਝੂਟ ਰਹੇ ਸਨ। ਮੈਂ ਵੀ ਪੰਘੂੜੇ ਵਿਚ ਝੂਟੇ ਲਏ ਤੇ ਫਿਰ ਜਾਦੂਗਰ ਦੇ ਖੇਲ੍ਹ। ਜਿਉਂ-ਜਿਉਂ ਦਿਨ ਬੀਤ ਰਿਹਾ ਸੀ, ਮੇਲੇ ਦੀ ਭੀੜ ਵਧਦੀ ਜਾ ਰਹੀ ਸੀ। ਇਕ ਪਾਸੇ ਅਸੀਂ ਫੁੱਟਬਾਲ ਦਾ ਮੈਚ ਵੀ ਦੇਖਿਆ। ਇੰਨੇ ਨੂੰ ਸੂਰਜ ਛਿਪ ਰਿਹਾ ਸੀ। ਨੇੜੇ ਦੀ ਦੁਕਾਨ ਤੋਂ ਅਸੀਂ ਮਠਿਆਈ ਖ਼ਰੀਦੀ ਅਤੇ ਪਿੰਡ ਦਾ ਰਸਤਾ ਫੜ ਲਿਆ। ਕਾਫ਼ੀ ਹਨੇਰੇ ਹੋਏ ਅਸੀਂ ਘਰ ਪਹੁੰਚੇ ।